# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/ 2620 41390 ਮਿਤੀ: 30-1-2024

ਵੱਲ:

ਮੈਨੇਜਰ / ਚੇਅਰਮੈਨ / ਪ੍ਰਧਾਨ

ਜੀ.ਕੇ.ਬੀ ਇੰਟਰਨੈਸ਼ਨਲ ਸਕੂਲ ਗੁਰੂ ਕੀ ਬੇਰ ਮੱਤੇਵਾਲ

ਅੰਮ੍ਰਿਤਸਰ।

ਵਿਸ਼ਾ:- **ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉੱਪ ਨਿਯਮ (4) ਅਧੀਨ ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।**

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਨਾਲ ਦਾਖਲ ਸਵੈ-ਘੋਸ਼ਣਾ ਅਤੇ ਨਿਰੀਖਕ ਕਮੇਟੀ ਵਲੋਂ ਦਿੱਤੀ ਗਈ ਸਕੂਲ ਦੀ ਨਿਰੀਖਣ ਰਿਪੋਰਟ ਨੂੰ ਮੁੱਖ ਰੱਖਦੇ ਜੀ.ਕੇ.ਬੀ ਇੰਟਰਨੈਸ਼ਨਲ ਸਕੂਲ ਗੁਰੂ ਕੀ ਬੇਰ ਮੱਤੇਵਾਲ, ਅੰਮ੍ਰਿਤਸਰ ਨੂੰ ਜਮਾਤ ਪ੍ਰੀ-ਪ੍ਰਾਇਮਰੀ ਤੋਂ ਜਮਾਤ ਅੱਠਵੀਂ ਲਈ ਤਿੰਨ ਸਾਲ ਦੀ ਆਰਜੀ ਮਾਨਤਾ ਦਿੱਤੀ ਜਾਂਦੀ ਹੈ।

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਤੋਂ ਉਪਰਲੀਆਂ ਜਮਾਤਾਂ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।
4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਲਸ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

   1.) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

   2.) ਕਿਸੇ ਵੀ ਬੱਚੇ ਨੂੰ ਸਰੀਰਕ ਦੰਢ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

   3.) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

   4.) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ ।

   5.) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ ।

   6.) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ ।

   7) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ ।
7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।
8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ:-

Scanned by Camera Scanner